Tape/CD: 1310

ਪੰਨਾ ੨੩੯

ਗਉੜੀ ਮਹਲਾ ੫ ॥ ਗੁਰ ਕੈ ਬਚਨਿ ਮੋਹਿ ਪਰਮ ਗਤਿ ਪਾਈ ॥ ਗੁਰਿ ਪੂਰੈ ਮੇਰੀ ਪੈਜ ਰਖਾਈ ॥ ੧ ॥ ਗੁਰ ਕੈ ਬਚਨਿ ਧਿਆਇਓ ਮੋਹਿ ਨਾਉ ॥ ਗੁਰ ਪਰਸਾਦਿ ਮੋਹਿ ਮਿਲਿਆ ਥਾਉ ॥ ੧ ॥ ਰਹਾਉ ॥ ਗੁਰ ਕੈ ਬਚਨਿ ਸੁਣਿ ਰਸਨ ਵਖਾਣੀ ॥ ਗੁਰ ਕਿਰਪਾ ਤੇ ਅੰਮ੍ਰਿਤ ਮੇਰੀ ਬਾਣੀ ॥ ੨ ॥ ਗੁਰ ਕੈ ਬਚਨਿ ਮਿਟਿਆ ਮੇਰਾ ਆਪੁ ॥ ਗੁਰ ਕੀ ਦਇਆ ਤੇ ਮੇਰਾ ਵਡ ਪਰਤਾਪੁ ॥ ੩ ॥ ਗੁਰ ਕੈ ਬਚਨਿ ਮਿਟਿਆ ਮੇਰਾ ਭਰਮੁ ॥ ਗੁਰ ਕੈ ਬਚਨਿ ਪੇਖਿਓ ਸਭੁ ਬ੍ਰਹਮੁ ॥ ੪ ॥ ਗੁਰ ਕੈ ਬਚਨਿ ਕੀਨੋ ਰਾਜੁ ਜੋਗੁ ॥ ਗੁਰ ਕੈ ਸੰਗਿ ਤਰਿਆ ਸਭੁ ਲੋਗੁ ॥ ੫ ॥ ਗੁਰ ਕੈ ਬਚਨਿ ਮੇਰੇ ਕਾਰਜ ਸਿਧਿ ॥ ਗੁਰ ਕੈ ਬਚਨਿ ਪਾਇਆ ਨਾਉ ਨਿਧਿ ॥ ੬ ॥ ਜਿਨਿ ਜਿਨਿ ਕੀਨੀ ਮੇਰੇ ਗੁਰ ਕੀ ਆਸਾ ॥ ਤਿਸ ਕੀ ਕਟੀਐ ਜਮ ਕੀ ਫਾਸਾ ॥ ੭ ॥ ਗੁਰ ਕੈ ਬਚਨਿ ਜਾਗਿਆ ਮੇਰਾ ਕਰਮੁ ॥ ਨਾਨਕ ਗੁਰੁ ਭੇਟਿਆ ਪਾਰਬ੍ਰਹਮੁ ॥ ੮ ॥ ੮ ॥

Tape/CD: 1310

## ਪੰਨਾ ਪ੨

ਸਿਰੀਰਾਗੁ ਮਹਲਾ ੫ ਘਰੁ ੧ ॥ ਸੰਤ ਜਨਾ ਮਿਲਿ ਭਾਈਆ ਕਟਿਅੜਾ ਜਮਕਾਲੁ ॥ ਸਚਾ ਸਾਹਿਬੁ ਮਨਿ ਵੁਠਾ ਹੋਆ ਖਸਮੁ ਦਇਆਲੁ ॥ ਪੂਰਾ ਸਤਿਗੁਰੁ ਭੇਟਿਆ ਬਿਨਸਿਆ ਸਭੁ ਜੰਜਾਲੁ ॥ ੧ ॥ ਮੇਰੇ ਸਤਿਗੁਰਾ ਹਉ ਤੁਧੁ ਵਿਟਹੁ ਕੁਰਬਾਣੁ ॥ ਤੇਰੇ ਦਰਸਨ ਕਉ ਬਲਿਹਾਰਣੈ ਤੁਸਿ ਦਿਤਾ ਅੰਮ੍ਰਿਤ ਨਾਮੁ ॥ ੧ ॥ ਰਹਾਉ ॥ ਜਿਨ ਤੂੰ ਸੇਵਿਆ ਭਾਉ ਕਰਿ ਸੇਈ ਪੁਰਖ ਸੁਜਾਨ ॥ ਤਿਨਾ ਪਿਛੈ ਛੁਟੀਐ ਜਿਨ ਅੰਦਰਿ ਨਾਮੁ ਨਿਧਾਨੁ ॥ ਗੁਰ ਜੇਵਡੁ ਦਾਤਾ ਕੋ ਨਹੀ ਜਿਨਿ ਦਿਤਾ ਆਤਮ ਦਾਨੁ ॥ ੨ ॥ ਆਏ ਸੇ ਪਰਵਾਣੁ ਹਹਿ ਜਿਨ ਗੁਰੁ ਮਿਲਿਆ ਸੁਭਾਇ ॥ ਸਚੇ ਸੇਤੀ ਰਤਿਆ ਦਰਗਹ ਬੈਸਣੁ ਜਾਇ ॥ ਕਰਤੇ ਹਥਿ ਵਡਿਆਈਆ ਪੂਰਬਿ ਲਿਖਿਆ ਪਾਇ ॥ ੩ ॥ ਸਚੁ ਕਰਤਾ ਸਚੁ ਕਰਣਹਾਰੁ ਸਚੁ ਸਾਹਿਬੁ ਸਚੁ ਟੇਕ ॥ ਸਚੋ ਸਚੁ ਵਖਾਣੀਐ ਸਚੋ ਬੁਧਿ ਬਿਬੇਕ ॥ ਸਰਬ ਨਿਰੰਤਰਿ ਰਵਿ ਰਹਿਆ ਜਪਿ ਨਾਨਕ ਜੀਵੈ ਏਕ ॥ ੪ ॥ ੨੮ ॥ ੯੮ ॥

Tape/CD: 1310

## ਪੰਨਾ ੧੬੯-੧੭੦

ਗਉੜੀ ਪੂਰਬੀ ਮਹਲਾ ੪ ॥ ਤੁਮ ਦਇਆਲ ਸਰਬ ਦੁਖ ਭੰਜਨ ਇਕ ਬਿਨਉ ਸੁਨਹੁ ਦੇ ਕਾਨੇ ॥ ਜਿਸ ਤੇ ਤੁਮ ਹਰਿ ਜਾਨੇ ਸੁਆਮੀ ਸੋ ਸਤਿਗੁਰੁ ਮੇਲਿ ਮੇਰਾ ਪ੍ਰਾਨੇ ॥ ੧ ॥ ਰਾਮ ਹਮ ਸਤਿਗੁਰ ਪਾਰਬ੍ਰਹਮ ਕਰਿ ਮਾਨੇ ॥ ਹਮ ਮੂੜ ਮੁਗਧ ਅਸੁਧ ਮਤਿ ਹੋਤੇ ਗੁਰ ਸਤਿਗੁਰ ਕੈ ਬਚਨਿ ਹਰਿ ਹਮ ਜਾਨੇ ॥ ੧ ॥ ਰਹਾਉ ॥ ਜਿਤਨੇ ਰਸ ਅਨ ਰਸ ਹਮ ਦੇਖੇ ਸਭ ਤਿਤਨੇ ਫੀਕ ਫੀਕਾਨੇ ॥ ਹਰਿ ਕਾ ਨਾਮੁ ਅੰਮ੍ਰਿਤ ਰਸੁ ਚਾਖਿਆ ਮਿਲਿ ਸਤਿਗੁਰ ਮੀਠ ਰਸ ਗਾਨੇ ॥ ੨ ॥ ਜਿਨ ਕਉ ਗੁਰੁ ਸਤਿਗੁਰੁ ਨਹੀ ਭੇਟਿਆ ਤੇ ਸਾਕਤ ਮੂੜ ਦਿਵਾਨੇ ॥ ਤਿਨ ਕੇ ਕਰਮਹੀਨ ਧੁਰਿ ਪਾਏ ਦੇਖਿ ਦੀਪਕੁ ਮੋਹਿ ਪਚਾਨੇ ॥ ੩ ॥ ਜਿਨ ਕਉ ਤੁਮ ਦਇਆ ਕਰਿ ਮੇਲਹੁ ਤੇ ਹਰਿ ਹਰਿ ਸੇਵ ਲਗਾਨੇ ॥ ਜਨ ਨਾਨਕ ਹਰਿ ਹਰਿ ਹਰਿ ਜਪਿ ਪ੍ਰਗਟੇ ਮਤਿ ਗੁਰਮਤਿ ਨਾਮਿ ਸਮਾਨੇ ॥ ੪ ॥ ੪ ॥ ੧੮ ॥ ੫੬ ॥

Tape/CD: 1310

# ਪੰਨਾ ੭੭੮

## ਰਾਗੁ ਸੂਹੀ ਛੰਤ ਮਹਲਾ ੫ ਘਰੁ ੧

ਹਰਿ ਆਪੇ ਲਏ ਮਿਲਾਇ ਕਿਉ ਵੇਛੋੜਾ ਥੀਵਈ ਬਲਿ ਰਾਮ ਜੀਉ ॥ ਜਿਸ ਨੋ ਤੇਰੀ ਟੇਕ ਸੋ ਸਦਾ ਸਦ ਜੀਵਈ ਬਲਿ ਰਾਮ ਜੀਉ ॥ ਤੇਰੀ ਟੇਕ ਤੁਝੈ ਤੇ ਪਾਈ ਸਾਚੇ ਸਿਰਜਣਹਾਰਾ ॥ ਜਿਸ ਤੇ ਖਾਲੀ ਕੋਈ ਨਾਹੀ ਐਸਾ ਪ੍ਰਭੂ ਹਮਾਰਾ ॥ ਸੰਤ ਜਨਾ ਮਿਲਿ ਮੰਗਲੁ ਗਾਇਆ ਦਿਨੁ ਰੈਨਿ ਆਸ ਤੁਮ੍ਾਰੀ ॥ **ਸਫਲੁ ਦਰਸੁ ਭੇਟਿਆ ਗੁਰੁ ਪੂਰਾ ਨਾਨਕ ਸਦ ਬਲਿਹਾਰੀ ॥** ੨ ॥

Tape/CD: 1310

## ਪੰਨਾ ੭੪੮

ਸੂਹੀ ਮਹਲਾ ੫ ॥ ਮਹਾ ਅਗਨਿ ਤੇ ਤੁਧੁ ਹਾਥ ਦੇ ਰਾਖੇ ਪਏ ਤੇਰੀ ਸਰਣਾਈ ॥ ਤੇਰਾ ਮਾਣੁ ਤਾਣੁ ਰਿਦ ਅੰਤਰਿ ਹੋਰ ਦੂਜੀ ਆਸ ਚੁਕਾਈ ॥ ੧ ॥ ਮੇਰੇ ਰਾਮ ਰਾਇ ਤੁਧੁ ਚਿਤਿ ਆਇਐ ਉਬਰੇ ॥ ਤੇਰੀ ਟੇਕ ਭਰਵਾਸਾ ਤੁਮ੍ਹਰਾ ਜਪਿ ਨਾਮੁ ਤੁਮ੍ਹਾਰਾ ਉਧਰੇ ॥ ੧ ॥ ਰਹਾਉ ॥ ਅੰਧ ਕੂਪ ਤੇ ਕਾਢਿ ਲੀਏ ਤੁਮ੍ਹ ਆਪਿ ਭਏ ਕਿਰਪਾਲਾ ॥ ਸਾਰਿ ਸਮ੍ਹਾਲਿ ਸਰਬ ਸੁਖ ਦੀਏ ਆਪਿ ਕਰੇ ਪ੍ਰਤਿਪਾਲਾ ॥ ੨ ॥ ਆਪਣੀ ਨਦਰਿ ਕਰੇ ਪਰਮੇਸਰੁ ਬੰਧਨ ਕਾਟਿ ਛਡਾਏ ॥ ਆਪਣੀ ਭਗਤਿ ਪ੍ਰਭਿ ਆਪਿ ਕਰਾਈ ਆਪੇ ਸੇਵਾ ਲਾਏ ॥ ੩ ॥ ਭਰਮੁ ਗਇਆ ਭੈ ਮੋਹ ਬਿਨਾਸੇ ਮਿਟਿਆ ਸਗਲ ਵਿਸੂਰਾ ॥ ਨਾਨਕ ਦਇਆ ਕਰੀ ਸੁਖਦਾਤੈ ਭੇਟਿਆ ਸਤਿਗੁਰੁ ਪੂਰਾ ॥ ੪ ॥ ੫ ॥ ੫੨ ॥